ਰਾਗੁ ਗਉੜੀ ਬੈਰਾਗਣਿ ਮਹਲਾ ੫ ੧ੴ ਸਤਿਗੁਰ ਪ੍ਰਸਾਦਿ ॥ ਦਯ ਗੁਸਾਈ ਮੀਤੁਲਾ ਤੂੰ ਸੰਗਿ ਹਮਾਰੈ ਬਾਸੁ ਜੀਉ ॥੧॥ ਰਹਾਉ ॥ ਤੁਝ ਬਿਨੁ ਘਰੀ ਨ ਜੀਵਨਾ ਧ੍ਰਿਗੁ ਰਹਣਾ ਸੰਸਾਰਿ ॥ ਜੀਅ ਪ੍ਰਾਣ ਸੁਖਦਾਤਿਆ ਨਿਮਖ ਨਿਮਖ ਬਲਿਹਾਰਿ ਜੀ ॥੧॥ ਹਸਤ ਅਲੰਬਨੁ ਦੇਹੁ ਪ੍ਰਭ ਗਰਤਹੁ ਉਧਰੁ ਗੋਪਾਲ ॥ ਮੋਹਿ ਨਿਰਗੁਨ ਮਤਿ ਥੋਰੀਆ ਤੂੰ ਸਦ ਹੀ ਦੀਨ ਦਇਆਲ ॥੨॥ ਕਿਆ ਸੁਖ ਤੇਰੇ ਸੰਮਲਾ ਕਵਨ ਬਿਧੀ ਬੀਚਾਰ ॥ ਸਰਣਿ ਸਮਾਈ ਦਾਸ ਹਿਤ ਊਚੇ ਅਗਮ ਅਪਾਰ ॥ ੩॥ ਸਗਲ ਪਦਾਰਥ ਅਸਟ ਸਿਧਿ ਨਾਮ ਮਹਾ ਰਸ ਮਾਹਿ ॥ ਸੁਪ੍ਰਸੰਨ ਭਏ ਕੇਸਵਾ ਸੇ ਜਨ ਹਰਿ ਗੁਣ ਗਾਹਿ ॥ ੪॥ ਮਾਤ ਪਿਤਾ ਸੁਤ ਬੰਧਪੋ ਤੂੰ ਮੇਰੇ ਪ੍ਰਾਣ ਅਧਾਰ ॥ ਸਾਧਸੰਗਿ ਨਾਨਕੁ ਭਜੈ ਬਿਖੁ ਤਰਿਆ ਸੰਸਾਰੁ ॥੫॥੧॥੧੧੬॥ {ਪੰਨਾ 203}

ਪਦਅਰਥ:- ਦਯ—ਹੇ ਤਰਸ ਕਰਨ ਵਾਲੇ! {dX`—to feel pity}। ਮੀਤੁਲਾ—ਪਿਆਰਾ ਮਿੱਤਰ। ਬਾਸੁ—ਵੱਸ।1। ਰਹਾਉ।

ਸੰਸਾਰਿ—ਸੰਸਾਰ ਵਿਚ। ਜੀਅ ਦਾਤਿਆ—ਹੇ ਜਿੰਦ ਦੇ ਦੇਣ ਵਾਲੇ! ਨਿਮਖ—ਅੱਖ ਝਮਕਣ ਜਿਤਨਾ ਸਮਾ {inmy—}। ਬਲਿਹਾਰਿ—ਮੈਂ ਸਦਕੇ ਜਾਂਦਾ ਹਾਂ।1।

ਅਲੰਬਨੁ—ਆਸਰਾ। ਹਸਤ ਅਲੰਬਨੁ—ਹੱਥ ਦਾ ਸਹਾਰਾ। ਪ੍ਰਭ—ਹੇ ਪ੍ਰਭੂ! ਗਰਤਹੁ—ਟੋਏ ਤੋਂ। ਉਧਰੁ—ਕੱਢ ਲੈ। ਮੋਹਿ—ਮੇਰੀ। ਸਦ ਹੀ—ਸਦਾ ਹੀ।2।

ਸੰਮਲਾ—ਸੰਮਲਾਂ, ਮੈਂ ਚੇਤੇ ਕਰਾਂ। ਕਵਨ ਬਿਧੀ—ਕੇਹੜੇ ਕੇਹੜੇ ਤਰੀਕੇ ਨਾਲ? ਸਰਣਿ ਸਮਾਈ—ਹੇ ਸਰਨ ਆਏ ਦੀ ਸਮਾਈ ਕਰਨ ਵਾਲੇ! ਦਾਸ ਹਿਤ—ਹੇ ਦਾਸਾਂ ਦੇ ਹਿਤੂ!।3।

ਅਸਟਿ ਸਿਧਿ—ਅੱਠ ਸਿੱਧੀਆਂ। ਕੇਸਵਾ—{ky_w: pR_ÔXw: siNq AÔX} ਲੰਮੇ ਕੇਸਾਂ ਵਾਲਾ ਪ੍ਰਭੂ। ਗਾਹਿ—ਗਾਂਦੇ ਹਨ।4।

ਬੰਧਪੋ—ਬੰਧਪੁ, ਰਿਸ਼ਤੇਦਾਰ। ਅਧਾਰ—ਆਸਰਾ। ਨਾਨਕੁ ਭਜੈ—ਨਾਨਕ ਸਿਮਰਦਾ ਹੈ। ਬਿਖੁ—ਜ਼ਹਿਰ।5।1।116।

ਅਰਥ:- ਹੇ ਤਰਸ ਕਰਨ ਵਾਲੇ! ਹੇ ਸ੍ਰਿਸ਼ਟੀ ਦੇ ਖਸਮ! ਤੂੰ ਮੇਰਾ ਪਿਆਰਾ ਮਿੱਤਰ ਹੈਂ, ਸਦਾ ਮੇਰੇ ਨਾਲ ਵੱਸਦਾ ਰਹੁ।1। ਰਹਾਉ।

ਹੇ ਜਿੰਦ ਦੇਣ ਵਾਲੇ! ਹੇ ਪ੍ਰਾਣ ਦੇਣ ਵਾਲੇ! ਹੇ ਸੁਖ ਦੇਣ ਵਾਲੇ ਪ੍ਰਭੂ! ਮੈਂ ਤੈਥੋਂ ਨਿਮਖ ਨਿਮਖ ਕੁਰਬਾਨ ਜਾਂਦਾ ਹਾਂ। ਤੈਥੋਂ ਬਿਨਾ ਇਕ ਘੜੀ ਭਰ ਭੀ ਆਤਮਕ ਜੀਵਨ ਨਹੀਂ ਹੋ ਸਕਦਾ ਤੇ (ਆਤਮਕ ਜੀਵਨ ਤੋਂ ਬਿਨਾ) ਸੰਸਾਰ ਵਿਚ ਰਹਿਣਾ ਫਿਟਕਾਰ-ਜੋਗ ਹੈ।1।

ਹੇ ਪ੍ਰਭੂ! ਮੈਨੂੰ ਆਪਣੇ ਹੱਥ ਦਾ ਸਹਾਰਾ ਦੇਹ। ਹੇ ਗੋਪਾਲ! ਮੈਨੂੰ (ਵਿਕਾਰਾਂ ਦੇ) ਟੋਏ ਵਿਚੋਂ ਕੱਢ ਲੈ। ਮੈਂ ਗੁਣ-ਹੀਣ ਹਾਂ, ਮੇਰੀ ਮਤਿ ਹੋਛੀ ਹੈ। ਤੂੰ ਸਦਾ ਹੀ ਗਰੀਬਾਂ ਉਤੇ ਦਇਆ ਕਰਨ ਵਾਲਾ ਹੈਂ।2।

ਹੇ ਉੱਚੇ! ਹੇ ਅਪਹੁੰਚ! ਹੇ ਬੇਅੰਤ ਪ੍ਰਭੂ! ਹੇ ਸਰਨ ਆਏ ਦੀ ਸਹਾਇਤਾ ਕਰਨ ਵਾਲੇ ਪ੍ਰਭੂ! ਹੇ ਆਪਣੇ ਸੇਵਕਾਂ ਦੇ ਹਿਤੂ ਪ੍ਰਭੂ! ਮੈਂ ਤੇਰੇ (ਦਿਤੇ ਹੋਏ) ਕੇਹੜੇ ਕੇਹੜੇ ਸੁਖ ਚੇਤੇ ਕਰਾਂ? ਮੈਂ ਕਿਹੜੇ ਕਿਹੜੇ ਤਰੀਕਿਆਂ ਨਾਲ (ਤੇਰੇ ਬਖ਼ਸ਼ੇ ਸੁਖਾਂ ਦੀ) ਵਿਚਾਰ ਕਰਾਂ? (ਮੈਂ ਤੇਰੇ ਦਿੱਤੇ ਬੇਅੰਤ ਸੁਖ ਗਿਣ ਨਹੀਂ ਸਕਦਾ)।3।

ਹੇ ਭਾਈ! ਦੁਨੀਆ ਦੇ ਸਾਰੇ ਪਦਾਰਥ (ਜੋਗੀਆਂ ਦੀਆਂ) ਅੱਠੇ ਸਿੱਧੀਆਂ ਸਭ ਤੋਂ ਸ੍ਰੇਸ਼ਟ ਰਸ ਨਾਮ-ਰਸ ਵਿਚ ਮੌਜੂਦ

ਹਨ। (ਹੇ ਭਾਈ!) ਜਿਨ੍ਹਾਂ ਉਤੇ ਸੋਹਣੇ ਲੰਮੇ ਕੇਸਾਂ ਵਾਲਾ ਪ੍ਰਭੂ ਪ੍ਰਸੰਨ ਹੁੰਦਾ ਹੈ, ਉਹ ਬੰਦੇ ਪ੍ਰਭੂ ਦੇ ਗੁਣ ਗਾਂਦੇ ਰਹਿੰਦੇ ਹਨ।4।

(ਹੇ ਦਯ! ਹੇ ਗੋਸਾਈਂ!) ਹੇ ਮੇਰੇ ਪ੍ਰਾਣਾਂ ਦੇ ਆਸਰੇ ਪ੍ਰਭੂ! ਮਾਂ, ਪਿਉ, ਪੁੱਤਰ, ਰਿਸ਼ਤੇਦਾਰ (ਸਭ ਕੁਝ ਮੇਰਾ) ਤੂੰ ਹੀ ਤੂੰ ਹੈਂ। (ਤੇਰਾ ਦਾਸ) ਨਾਨਕ (ਤੇਰੀ) ਸਾਧ ਸੰਗਤਿ ਵਿਚ (ਤੇਰੀ ਮਿਹਰ ਨਾਲ) ਤੇਰਾ ਭਜਨ ਕਰਦਾ ਹੈ। (ਜੇਹੜਾ ਮਨੁੱਖ ਤੇਰਾ ਭਜਨ ਕਰਦਾ ਹੈ ਉਹ ਵਿਕਾਰਾਂ ਦੇ) ਜ਼ਹਰ-ਭਰੇ ਸੰਸਾਰ ਤੋਂ (ਸਹੀ-ਸਲਾਮਤਿ ਆਤਮਕ ਜੀਵਨ ਲੈ ਕੇ) ਪਾਰ ਲੰਘ ਜਾਂਦਾ ਹੈ।5।1। 116।